**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

ਮਿਤੀ: 22-01-2025

ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਦੇ 10 ਸਾਲ ਪੂਰੇ ਹੋਣ ਦੇ ਮੌਕੇ 'ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਮਾਜ ਦੇ ਸਾਰੇ ਵਰਗਾਂ ਨੇ ਇਸ ਮੁਹਿੰਮ ਵਿਚ ਹਿੱਸਾ ਲਿਆ ਏ। ਇਸ ਮੁਹਿੰਮ ਕਰਕੇ ਔਰਤਾਂ-ਮਰਦਾਂ ਦਾ ਭੇਦਭਾਵ ਘਟਿਆ ਏ ਅਤੇ ਲੜਕੀਆਂ ਦੀ ਸਿੱਖਿਆ ਤੇ ਕਰੀਅਰ ਲਈ ਢੁੱਕਵਾਂ ਮਾਹੌਲ ਸਿਰਜਿਆ ਗਿਆ ਏ। ਪ੍ਰਧਾਨ ਮੰਤਰੀ ਮੋਦੀ ਨੇ ਇਹ ਵੀ ਕਿਹਾ ਕਿ ਇਸ ਮੁਹਿੰਮ ਕਰਕੇ ਉਨ੍ਹਾਂ ਜ਼ਿਲ੍ਹਿਆਂ ਵਿਚ ਲੜਕੇ ਅਤੇ ਲੜਕੀਆਂ ਦੇ ਅਨੁਪਾਤ ਵਿਚ ਸੁਧਾਰ ਹੋਇਆ ਏ, ਜਿੱਥੇ ਰਵਾਇਤੀ ਤੌਰ 'ਤੇ ਵਡਾ ਫ਼ਰਕ ਮੌਜੂਦ ਸੀ। ਇਸ ਮੁਹਿੰਮ ਨੇ ਲਿੰਗ ਸਮਾਨਤਾ ਵੱਲ ਲੋਕਾਂ ਦਾ ਧਿਆਨ ਖਿੱਚਿਆ ਏ। ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਧੀਆਂ ਦੇ ਅਧਿਕਾਰਾਂ ਦੀ ਰਾਖੀ ਕਰਨ ਤੇ ਉਨ੍ਹਾਂ ਦੀ ਸਿੱਖਿਆ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ ਤਾਂ ਜੋ

ਕੁੜੀਆਂ ਬਿਨਾਂ ਕਿਸੇ ਭੇਦਭਾਵ ਤੋਂ ਸਮਾਜ ਵਿਚ ਤਰੱਕੀ ਕਰ ਸਕਣ।

------------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸਾਰੇ ਮੁੱਖ ਖੇਤੀਬਾੜੀ ਅਫ਼ਸਰਾਂ ਨੂੰ, ਕੇਂਦਰ ਤੇ ਸੂਬਾ ਸਰਕਾਰ ਵ੍ਲੋਂ ਚਲਾਈਆਂ ਜਾ ਰਹੀਆਂ ਕਿਸਾਨ ਭਲਾਈ ਯੋਜਨਾਵਾਂ ਸਬੰਧੀ, ਹਰ 15 ਦਿਨਾਂ ਬਾਅਦ ਪ੍ਰਗਤੀ ਰਿਪੋਰਟਾਂ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਨੇ। ਸ੍ਰੀ ਖੁੱਡੀਆਂ ਨੇ ਦਸਿਆ ਕਿ ਵਿਭਾਗ ਵੱਲੋਂ ਸ਼ੁਰੂ ਕੀਤੀ ਗਈ ਗੁਣਵੱਤਾ ਨਿਯੰਤਰਣ ਮੁਹਿੰਮ ਤਹਿਤ ਬੀਜਾਂ, ਕੀਟਨਾਸ਼ਕਾਂ ਤੇ ਖਾਦਾਂ ਦੇ ਨਮੂਨੇ ਇਕਤਰ ਕਰਨ ਸਬੰਧੀ ਮੁਹਿੰਮ ਚਲਾਈ ਗਈ ਸੀ ਤੇ 5,082 ਬੀਜਾਂ, 2,867 ਕੀਟਨਾਸ਼ਕਾਂ ਅਤੇ 2,473 ਖਾਦਾਂ ਦੇ ਨਮੂਨੇ ਲਏ ਜਾ ਚੁੱਕੇ ਨੇ। ਮੰਤਰੀ ਨੇ ਦੱਸਿਆ ਕਿ ਬੀਜਾਂ ਦੇ 141 ਨਮੂਨੇ ਗੁਣਵੱਤਾ ਜਾਂਚ ਦੌਰਾਨ ਫੇਲ ਪਾਏ ਗਏ, ਕੀਟਨਾਸ਼ਕਾਂ ਦੇ 81 ਨਮੂਨੇ ਅਤੇ ਖਾਦਾਂ ਦੇ 78 ਨਮੂਨੇ ਗੈਰ-ਮਿਆਰੀ ਪਾਏ ਗਏ ਨੇ। ਜਿਨ੍ਹਾਂ ਫਰਮਾਂ ਤੇ ਡੀਲਰਾਂ ਤੋਂ ਲਏ ਨਮੂਨੇ, ਮਿਆਰ ਮਾਪਦੰਡਾਂ ’ਤੇ ਖਰੇ ਨਹੀਂ ਉਤਰੇ, ਵਿਭਾਗ ਨੇ ਉਨਾਂ ਵਿਰੁੱਧ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਏ।

---------------------------------------------------------------

ਕੇਂਦਰ ਸਰਕਾਰ ਦੀਆਂ ਹਦਾਇਤਾਂ ਤੋਂ ਬਾਅਦ ਪੰਜਾਬ ਸਰਕਾਰ ਨੇ ਆਮ ਆਦਮੀ ਕਲੀਨਿਕ ਦੇ ਬੋਰਡ ਹਟਾਉਣੇ ਸ਼ੁਰੂ ਕਰ ਦਿੱਤੇ ਨੇ। ਹੁਣ ਇਹ ਪ੍ਰਾਇਮਰੀ ਹੈਲਥ ਸੈਂਟਰ ਆਯੁਸ਼ਮਾਨ ਅਰੋਗਿਆ ਕੇਂਦਰ ਵਜੋਂ ਜਾਣੇ ਜਾਣਗੇ। ਸੂਬੇ ਦੇ ਸ਼ਹਿਰੀ ਇਲਾਕਿਆਂ ਦੇ 240 ਤੋਂ ਵਧ ਆਮ ਆਦਮੀ ਕਲੀਨਿਕ, 2,889 ਸਿਹਤ ਤੇ ਤੰਦਰੁਸਤੀ ਕੇਂਦਰਾਂ, 2400 ਤੋਂ ਵਧ ਸਬ- ਸੈਂਟਰਾਂ ਅਤੇ 2,66 ਪ੍ਰਾਇਮਰੀ ਹੈਲਥ ਸੈਂਟਰਾਂ ਦੇ ਬੋਰਡ ਹਟਾਉਣ ਦਾ ਕੰਮ ਬੁੱਧਵਾਰ ਨੂੰ ਲੁਧਿਆਣਾ ਜ਼ਿਲ੍ਹੇ ਤੋਂ ਸ਼ੁਰੂ ਹੋ ਗਿਆ ਏ। ਲੁਧਿਆਣਾ ਵਿਚ 94 ਵਿੱਚੋਂ 65 ਆਮ ਆਦਮੀ ਕਲੀਨਿਕ ਹੁਣ ਆਯੁਸ਼ਮਾਨ ਅਰੋਗਿਆ ਕੇਂਦਰ ਦੇ ਨਾਂ ਨਾਲ ਜਾਣੇ ਜਾਣਗੇ। ਇਨ੍ਹਾਂ ਬੋਰਡਾਂ ਤੋਂ ਮੁਖ ਮੰਤਰੀ ਭਗਵੰਤ ਸਿੰਘ ਮਾਨ ਦੀ ਤਸਵੀਰ ਹਟਾ ਦਿੱਤੀ ਗਈ ਏ। ਇਸ  ਤੋਂ ਪਹਿਲਾਂ ਕੇਂਦਰ ਸਰਕਾਰ ਨੇ ਸਖ਼ਤ ਇਤਰਾਜ਼ ਕਰਦੇ ਹੋਏ ਕਿਹਾ ਸੀ ਕਿ ਪੰਜਾਬ ਸਰਕਾਰ ਨੇ ਉਸ ਵਲੋਂ ਜਾਰੀ ਕੀਤੇ ਫੰਡਜ਼ ਨਾਲ ਖੋਲ੍ਹੇ ਗਏ ਸਿਹਤ ਕੇਂਦਰਾਂ ਨੂੰ, ਆਮ ਆਦਮੀ ਕਲੀਨਿਕਾਂ ਦਾ ਨਾਂ ਦੇ ਕੇ, ਬ੍ਰਾਂਡਿੰਗ ਨਿਯਮਾਂ ਦੀ ਉਲੰਘਣਾ ਕੀਤੀ ਏ।

---------------------------------------------------------------

ਬਠਿੰਡਾ ਵਿਚ ਮੰਡੀ ਕਲਾਂ ਦੀ ਨੌਜਵਾਨ ਸਰਪੰਚ ਮਨਜਿੰਦਰ ਕੌਰ ਨੇ ਗ੍ਰਾਮ ਸਭਾ ਦੇ ਆਮ ਇਜਲਾਸ ਵਿਚ¬ ਮਤਾ ਪਾਸ ਕੀਤਾ ਏ ਕਿ ਜਿਹੜੇ ਪਰਿਵਾਰ ਬਿਨਾਂ ਦਾਜ ਤੋਂ ਪੁਤਰ ਵਿਆਹੁਣਗੇ, ਉਨਾਂ ਨੂੰ  ਪੰਚਾਇਤ ਵੱਲੋ 11 ਹਜ਼ਾਰ ਰੁਪਏ ਦਾ ਸ਼ਗਨ, ਸਨਮਾਨ ਵਜੋਂ ਦਿਤਾ ਜਾਵੇਗਾ। ਪਾਸ ਕੀਤੇ ਇਕ ਹੋਰ ਮਤੇ ਮੁਤਾਬਕ ਨਸ਼ੇ ਵੇਚਣ ਵਾਲੇ ਤੇ ਚੋਰੀ ਕਰਨ ਵਾਲਿਆਂ ਦੀ ਜ਼ਮਾਨਤ ਨਹੀ ਕਰਵਾਈ ਜਾਵੇਗੀ ਤੇ ਨੰਬਰਦਾਰਾਂ ਵੀ ਇਨਾਂ ਹਦਾਇਤਾਂ ਦੀ ਪਾਲਣਾ ਲਈ ਪਾਬੰਦ ਹੋਣਗੇ। ਆਮ ਇਜਲਾਸ ਦੌਰਾਨ ਫੈਸਲਾ ਲਿਆ ਗਿਆ ਏ ਕਿ ਕਿਸੇ ਵੀ ਮਰਗ ਜਾਂ ਭੋਗ ਮੌਕੇ ਜਲੇਬੀਆਂ ਪਕੌੜੇ ਬਣਾਉਣ 'ਤੇ ਪਾਬੰਦੀ ਰਹੇਗੀ । ਪਿੰਡ ਵਿਚ ਘਰਾਂ ਕੋਠਿਆਂ 'ਤੇ ਉਚੀ ਅਵਾਜ਼ ਵਿਚ ਸਪੀਕਰ ਨਹੀਂ ਲਾਏ ਜਾਣਗੇ ਤੇ ਡੀ.ਜੇ. ਲਾਉਣ ਦਾ ਸਮਾਂ ਰਾਤ ਦੇ 10 ਵਜੇ ਤੱਕ ਹੋਵੇਗਾ । ਇਸੇ ਤਰਾਂ ਮਕਾਨ, ਕਿਰਾਏ 'ਤੇ ਦੇਣ ਤੋਂ ਪਹਿਲਾਂ ਮਾਲਕ ਲਈ ਪੰਚਾਇਤ ਨੂੰ ਸੂਚਨਾ ਲਾਜ਼ਮੀ ਦੇਣੀ ਪਵੇਗੀ। ਪਿੰਡ ਵਿਚ ਖੁਸ਼ੀ ਦੇ ਕਿਸੇ ਵੀ ਮੌਕੇ ਤੇ ਵਧਾਈ ਲੈਣ ਆਉਣ ਵਾਲੇ ਮਹੰਤਾਂ ਲਈ, ਸ਼ਗਨ ਰਾਸ਼ੀ ਤੈਅ ਕੀਤੀ ਗਈ ਏ।

ਪੰਚਾਇਤ ਮੁਤਾਬਕ ਇਨਾਂ ਫੈਸਲਿਆ ਦੇ ਖਿਲਾਫ ਜਾਣ ਵਾਲਿਆਂ ਨੂੰ ਜੁਰਮਾਨੇ ਕੀਤੇ ਜਾਣਗੇ

-----------------------------------------------------------

ਜਲੰਧਰ ਦੇ ਪਠਾਨਕੋਟ ਰੋਡ ’ਤੇ ਅੱਜ ਸਵੇਰੇ ਉਦੋਂ ਹਾਦਸਾ ਵਾਪਰ ਗਿਆ, ਜਦੋਂ ਸਵਾਰੀਆਂ ਲੈ ਕੇ ਜਾ ਰਹੀ ਪੰਜਾਬ ਰੋਡਵੇਜ਼ ਦੀ ਬੱਸ ਦੇ ਚਾਲਕ ਨੇ ਮੋਟਰਸਾਈਕਲ ਸਵਾਰ ਸਮੇਤ, 3 ਵਿਅਕਤੀਆਂ ਨੂੰ ਟਕਰ ਮਾਰ ਦਿਤੀ। ਇਸ ਦੌਰਾਨ ਮੋਟਰਸਾਈਕਲ ਸਵਾਰ ਵਿਅਕਤੀ ਮਹਿੰਦਰ ਸਿੰਘ ਵਾਸੀ ਪਿੰਡ ਕਾਲਾ ਬੱਕਰਾ ਦੀ ਮੌਤ ਹੋ ਗਈ ਏ। ਦੋਵਾਂ ਜ਼ਖ਼ਮੀਆਂ ਨੂੰ ਗੰਭੀਰ ਹਾਲਤ ਵਿਚ ਹਸਪਤਾਲ ਦਾਖਲ ਕਰਵਾਇਆ ਗਿਐ। ਮਕਸੂਦਾਂ ਥਾਣੇ ਦੇ ਏ. ਐਸ. ਆਈ. ਨਰਿੰਦਰ ਸਿੰਘ ਪੁਲਿਸ ਟੀਮ ਸਮੇਤ ਮੌਕੇ ’ਤੇ ਪਹੁੰਚੇ ਤੇ ਰੋਡਵੇਜ਼ ਦੀ ਬੱਸ ਨੂੰ ਕਬਜ਼ੇ ਵਿਚ ਲੈ ਲਿਆ ਏ, ਜਦਕਿ ਬਸ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ ਏ।

-----------------------------------------------------------

ਹੁਸ਼ਿਆਰਪੁਰ ਵਿਚ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ , ਮਾਡਲ ਕਰੀਅਰ ਸੈਂਟਰ ਵੱਲੋਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਦੇ ਸਹਿਯੋਗ ਨਾਲ

ਭਲਕੇ 23 ਜਨਵਰੀ ਨੂੰ ਹੁਸ਼ਿਆਰਪੁਰ ਵਿਖੇ ਲੜਕੀਆਂ ਲਈ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਏ । ਇਸ ਪਲੇਸਮੈਂਟ ਕੈਂਪ ਵਿਚ ਕਾਰੋਬਾਰੀ ਕੰਪਨੀਆਂ ਵੱਖ-ਵੱਖ ਅਸਾਮੀਆਂ ਲਈ ਯੋਗ ਉਮੀਦਵਾਰਾਂ ਦੀ ਭਰਤੀ ਕਰਨਗੀਆਂ।

----------------------------------------------------------

ਪੰਜਾਬ ਵਿਚ ਅੱਜ ਤੋਂ ਮੌਸਮ ਬਦਲ ਸਕਦਾ ਏ। ਪਛਮੀ ਗੜਬਡੀ ਸਰਗਰਮ ਹੋਣ ਕਾਰਨ ਸੂਬੇ ਵਿਚ ਦੋ ਦਿਨਾਂ ਤੱਕ, ਕੁਝ ਥਾਵਾਂ 'ਤੇ ਮੀਂਹ ਪੈਣ ਦਾ ਅਨੁਮਾਨ ਏ। ਓਧਰ, ਪਿਛਲੇ 24 ਘੰਟਿਆਂ ਦੌਰਾਨ ਸੂਬੇ ਦੇ ਔਸਤ ਵੱਧ ਤੋਂ ਵੱਧ ਤਾਪਮਾਨ ਵਿਚ 1.5 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਏ। ਪੰਜਾਬ ਵਿਚ ਕਿਤੇ ਵੀ ਧੁੰਦ ਪੈਣ ਬਾਰੇ ਅਲਰਟ ਜਾਰੀ ਨਹੀਂ ਕੀਤਾ ਗਿਆ।